**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਨਕ ਸਿੰਘ (ਮੋਬ 94172-32139)
ਪੁੱਤਰ ਸ਼੍ਰੀ ਗੁਰਦਿਆਲ ਸਿੰਘ,
ਮਕਾਨ ਨੰ:ਐਚ-15-ਈ,
ਗੁਰੂ ਤੇਗ ਬਹਾਦਰ ਕਲੋਨੀ,
ਪਟਿਆਲਾ। -----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਿਪਟੀ ਕਮਿਸ਼ਨਰ,
ਸੰਗਰੂਰ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 42/2019**

**ਹਾਜ਼ਰ:-**
1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਸ਼੍ਰੀ ਸੁਖਬੀਰ ਸਿੰਘ, ਪੰਚਾਇਤ ਸਕੱਤਰ (62835-43230) ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਸੰਗਰੂਰ।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 16-08-2018, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਪਿੰਡ ਮੰਗਵਾਲ ਦੇ ਛੱਪੜ ਦੀ ਕੁੱਲ ਜ਼ਮੀਨ ਅਤੇ ਛੱਪੜ ਤੇ ਕਬਜ਼ਾ ਕਰਨੇ ਵਾਲੇ ਵਿਅਕਤੀਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 07-01-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਗਈ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 04-02-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 06-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਸੁਖਬੀਰ ਸਿੰਘ, ਪੰਚਾਇਤ ਸਕੱਤਰ ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਸੰਗਰੂਰ ਨੇ ਦੱਸਿਆ ਹੈ ਕਿ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਉਨ੍ਹਾਂ ਨੂੰ ਡਿਪਟੀ ਕਮਿਸ਼ਨਰ ਦਫ਼ਤਰ ਸੰਗਰੂਰ ਰਾਹੀਂ ਤਬਦੀਲ ਹੋ ਕੇ ਪ੍ਰਾਪਤ ਹੋਈ ਹੈ।ਇਸ ਸਬੰਧੀ ਹਾਜ਼ਰ ਉੱਤਰਦਾਤਾ ਵੱਲੋਂ ਆਪਣੇ ਪੱਤਰ, ਮਿਤੀ 06-03-2019 ਰਾਹੀਂ ਲਿਖਤੀ ਜਵਾਬ ਵੀ ਪੇਸ਼ ਕੀਤਾ ਗਿਆ ਹੈ ਜਿਸ ਰਾਹੀਂ ਉਸ ਵੱਲੋਂ ਦੱਸਿਆ ਗਿਆ ਹੈ ਕਿ ਵੱਲੋਂ ਪਿੰਡ ਮੰਗਵਾਲ ਦੇ ਛੱਪੜ ਦੀ ਕੁੱਲ ਜ਼ਮੀਨ ਅਤੇ ਛੱਪੜ ਤੇ ਕਬਜ਼ਾ ਕਰਨੇ ਵਾਲੇ ਵਿਅਕਤੀਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਹੈ। ਇਸ ਪਿੰਡ ਵਿਖੇ ਤਿੰਨ ਟੋਭੇ ਹੋਣ ਕਾਰਨ ਇਹ ਸਪੱਸ਼ਟ ਨਹੀਂ ਹੋ ਰਿਹਾ ਹੈ ਕਿ ਸ਼ਿਕਾਇਤਕਰਤਾ ਵੱਲੋਂ ਕਿਸ ਟੋਭੇ ਬਾਰੇ ਸੂਚਨਾ ਮੰਗੀ ਜਾ ਰਹੀ ਹੈ। ਫਿਰ ਵੀ ਉਨ੍ਹਾਂ ਵੱਲੋਂ ਸ਼ਿਕਾਇਤਕਰਤਾ ਨਾਲ ਸੰਪਰਕ ਕਰਕੇ ਮਹਿਕਮਾ (ਮਾਲ) ਤੋਂ ਨਿਸ਼ਾਨਦੇਹੀ

ਚਲਦਾ---ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਸ਼ਿਕਾਇਤ ਕੇਸ ਨੰ: 42/2019

ਕਰਵਾਈ ਜਾ ਰਹੀ ਹੈ ਅਤੇ ਮਹਿਕਮਾ (ਮਾਲ) ਦੀ ਰਿਪੋਰਟ ਅਨੁਸਾਰ ਸ਼ਿਕਾਇਤਕਰਤਾ ਨੂੰ ਸੂਚਿਤ ਕਰ ਦਿੱਤਾ ਜਾਵੇਗਾ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਕੋਲੋਂ ਲੋੜੀਂਦਾ ਸਪੱਸ਼ਟੀਕਰਣ ਤੁਰੰਤ ਪ੍ਰਾਪਤ ਕਰਕੇ ਉਸ ਦੇ ਬਿਨੈ-ਪੱਤਰ ਅਨੁਸਾਰ, ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਸ਼ਿਕਾਇਤਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਕੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 08-04-2019 ਨੂੰ ਸਵੇਰੇ 11-30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 06 ਮਾਰਚ, 2019.**

**ਕਾਪੀ:-**

ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਸੰਗਰੂਰ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਕਰਨ ਸਿੰਘ ਸੰਧੂ (ਮੋਬ 95019-35793)
ਵਾਸੀ ਵਾਰਡ ਨੰ: 1 ਸੰਤ ਨਗਰ,
ਅੰਮ੍ਰਿਤਸਰ ਰੋਡ, ਮੋਗਾ-14200. ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਿੰਸੀਪਲ,
ਗੁਰੂ ਨਾਨਕ ਕਾਲਿਜ, ਮੋਗਾ। -----ਉੱਤਰਦਾਤਾ

**ਸ਼ਿਕਾਇਤ ਕੇਸ ਨੰ:48/2019**

**ਹਾਜ਼ਰ:-** 1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਸ਼੍ਰੀ ਮਨਜੀਤ ਸਿੰਘ, ਕਲਰਕ (94173-39280) ।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 08-0982018, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਿੰਸੀਪਲ, ਗੁਰੂ ਨਾਨਕ ਕਾਲਿਜ, ਮੋਗਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਕਾਲਿਜ ਵਿੱਚ ਜੁਲਾਈ, 2018 ਤੋਂ ਲੈ ਕੇ ਆਰ.ਟੀ:ਆਈ. ਦਾਇਰ ਕਰਨ ਤੱਕ ਅਧਿਆਪਕਾਂ/ਕਰਮਚਾਰੀਆਂ ਦੀਆਂ ਹੋਈਆਂ ਨਿਯੁਕਤੀਆਂ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 08-01-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਗਈ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 04-02-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 06-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਮਨਜੀਤ ਸਿੰਘ, ਕਲਰਕ ਨੇ ਦੱਸਿਆ ਹੈ ਕਿ ਉਨ੍ਹਾਂ ਵੱਲੋਂ ਸ਼ਿਕਾਇਤਕਰਤਾ ਦੀ ਆਰ.ਟੀ.ਆਈ., ਮਿਤੀ 08-09-2018 ਜਿਹੜੀ ਕਿ ਉਨ੍ਹਾਂ ਨੂੰ ਮਿਤੀ 11-09-2018 ਨੂੰ ਪ੍ਰਾਪਤ ਹੋਈ ਸੀ, ਦਾ ਜਵਾਬ ਉਨ੍ਹਾਂ ਦੇ ਪੱਤਰ ਨੰ:896/18, ਮਿਤੀ 29-09-2018 ਰਾਹੀਂ ਉਸ ਨੂੰ ਪਹਿਲਾਂ ਹੀ ਦਿੱਤਾ ਜਾ ਚੁੱਕਾ ਹੈ।ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:1219/19, ਮਿਤੀ 15-02-2019 ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਹੈ। ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਨਿਰਧਾਰਿਤ ਸਮੇਂ ਅੰਦਰ ਜਵਾਬ ਦਿੱਤਾ ਜਾ ਚੁੱਕਾ ਹੈ ਜਿਸ ਕਰਕੇ ਇਹ ਸ਼ਿਕਾਇਤ ਕੇਸ ਨਹੀਂ ਬਣਦਾ। ਸ਼ਿਕਾਇਤਕਰਤਾ ਨੂੰ ਪਹਿਲਾਂ ਪਹਿਲੀ ਅਪੀਲੀ ਅਥਾਰਟੀ ਕੋਲ ਪਹੁੰਚ ਕਰਨੀ ਚਾਹੀਦੀ ਸੀ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 06 ਮਾਰਚ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਹਿਮਾਂਸ਼ੂ ਰਾਜ, (99882-00001)
ਮਾਰਫਤ ਲਾਅ ਦਫ਼ਤਰ ਹਿਮਾਂਸ਼ੂ ਰਾਜ,
ਮਕਾਨ ਨੰ:102 ਸੈਕਟਰ 10-ਏ,
ਚੰਡੀਗ-160011 ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਰਜਿਸਟਰਾਰ, ਫਰਮਜ਼ ਤੇ ਸੋਸਾਇਟੀਜ, ਪੰਜਾਬ,
17 ਬੇਜ਼ ਬਿਲਡਿੰਗ, ਸੈਕਟਰ 17 ਚੰਡੀਗੜ। -----ਉੱਤਰਦਾਤਾ

**ਸ਼ਿਕਾਇਤ ਕੇਸ ਨੰ:66/2019**

**ਹਾਜ਼ਰ:-** 1) ਸ਼ਿਕਾਇਤਕਰਤਾ ਵੱਲੋਂ ਮਿਸਜ਼ ਸਪਨਾ ਰੰਧਾਵਾ, ਐਡਵੋਕੇਟ (99882-00001)।
2) ਉੱਤਰਦਾਤਾ ਵੱਲੋਂ ਸ਼੍ਰੀਮਤੀ ਕਮਲੀ ਦੇਵੀ, ਸੁਪਰਡੰਟ, (98888-03933) ਦਫਤਰ ਰਜਿਸਟਰਾਰ, ਕੋਆਪ੍ਰੇਟਿਵ ਸੋਸਾਇਟੀਜ, ਪੰਜਾਬ।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 11-03-2018, ਲੋਕ ਸੂਚਨਾ ਅਧਿਕਾਰੀ ਦਫਤਰ ਰਜਿਸਟਰਾਰ, ਕੋਆਪ੍ਰੇਟਿਵ ਸੋਸਾਇਟੀਜ, ਪੰਜਾਬ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਜਲ ਵਾਯੂ ਵਿਹਾਰ, ਸਾਹਮਣੇ ਐਚ.ਐਮ.ਏ. ਕਾਲਿਜ,ਵਰਕਸ਼ਾਪ ਚੌਕ, ਨੇੜੇ ਆਦ੍ਰਸ਼ ਨਗਰ, ਜਲੰਧਰ ਵਿਖੇ ਸਥਿਤ ਏਅਰ ਫੋਰਸ ਨਾਵਲ ਹਾਊਸਿੰਗ ਬੋਰਡ ਜਲੰਧਰ ਸਕੀਮ ਨਾਲ ਸਬੰਧਤ 12 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਦਫਤਰ ਰਜਿਸਟਰਾਰ, ਕੋਆਪ੍ਰੇਟਿਵ ਸੋਸਾਇਟੀਜ, ਪੰਜਾਬ ਵੱਲੋਂ ਸ਼ਿਕਾਇਤਕਰਤਾ ਦੀ ਆਰੀ.ਟੀ.ਆਈ. ਦਾ ਸਬੰਧ ਉਨ੍ਹਾਂ ਨਾਲ ਨਾ ਹੋਣ ਕਾਰਨ ਉਸ ਦੀ ਆਰ.ਟੀ.ਆਈ. ਰਜਿਸਟਰਾਰ, ਫਰਮਜ਼ ਤੇ ਸੋਸਾਇਟੀਜ, ਪੰਜਾਬ, ਚੰਡੀਗੜ ਨੂੰ ਆਰ.ਟੀ.ਆਈ. ਐਕਟ,2005 ਦੇ ਸੈਕਸ਼ਨ 6(3) ਅਧੀਨ ਤਬਦੀਲ ਕਰ ਦਿੱਤੀ ਗਈ ਜਿਸ ਬਾਰੇ ਸ਼ਿਕਾਇਤਕਰਤਾ ਨੂੰ ਸੂਚਿਤ ਕਰ ਦਿੱਤਾ ਗਿਆ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 11-01-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਗਈ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 04-02-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 06-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਸ਼ਿਕਾਇਤਕਰਤਾ ਵੱਲੋਂ ਹਾਜ਼ਰ ਮਿਸਜ਼ ਸਪਨਾ ਰੰਧਾਵਾ, ਐਡਵੋਕੇਟ ਨੇ ਦੱਸਿਆ ਹੈ ਕਿ ਉਨ੍ਹਾਂ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ ਹੈ। ਉੱਤਰਦਾਤਾ, ਰਜਿਸਟਰਾਰ, ਫਰਮਜ਼ ਤੇ ਸੋਸਾਇਟੀਜ, ਪੰਜਾਬ, ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ। ਪਰੰਤੂ ਉੱਤਰਦਾਤਾ, ਸ਼੍ਰੀਮਤੀ ਕਮਲੀ ਦੇਵੀ, ਸੁਪਰਡੰਟ, ਦਫਤਰ ਰਜਿਸਟਰਾਰ, ਕੋਆਪ੍ਰੇਟਿਵ ਸੋਸਾਇਟੀਜ, ਪੰਜਾਬ ਵੱਲੋਂ ਆਪਣਾ ਜਵਾਬ, ਮਿਤੀ 06-03-2019 ਪੇਸ਼ ਕੀਤਾ ਗਿਆ ਹੈ ਜਿਸ ਦੀ ਇੱਕ ਕਾਪੀ ਪੇਸ਼ੀ ਦੌਰਾਨ ਸ਼ਿਕਾਇਤਕਰਤਾ ਦੇ ਨੁਮਾਇੰਦੇ ਨੂੰ

ਚਲਦਾ---ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਸ਼ਿਕਾਇਤ ਕੇਸ ਨੰ: 66/2019

ਵੀ ਦਸਤੀ ਦੇ ਦਿੱਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਜਵਾਬ ਮਿਸਲ ਤੇ ਰੱਖ ਲਿਆ ਗਿਆ ਹੈ। ਹਾਜ਼ਰ ਉੱਤਰਦਾਤਾ ਵੱਲੋਂ ਆਪਣੇ ਜਵਾਬ ਰਾਹੀਂ ਦੱਸਿਆ ਗਿਆ ਹੈ ਕਿ ਉਨ੍ਹਾਂ ਵੱਲੋਂ ਸ਼ਿਕਾਇਤਕਰਤਾ ਦੀ ਆਰ.ਟੀ.ਆਈ., ਮਿਤੀ 11-03-2018 ਜਿਹੜੀ ਕਿ ਉਨ੍ਹਾਂ ਨੂੰ ਮਿਤੀ 16-03-2018 ਨੂੰ ਪ੍ਰਾਪਤ ਹੋਈ ਸੀ ਦਾ ਸਬੰਧ ਉਨ੍ਹਾਂ ਨਾਲ ਨਾ ਹੋਣ ਕਾਰਨ ਉਸ ਦੀ ਆਰ.ਟੀ.ਆਈ. ਰਜਿਸਟਰਾਰ, ਫਰਮਜ਼ ਤੇ ਸੋਸਾਇਟੀਜ, ਪੰਜਾਬ, ਚੰਡੀਗੜ ਨੂੰ ਆਰ.ਟੀ.ਆਈ. ਐਕਟ,2005 ਦੇ ਸੈਕਸ਼ਨ 6(3) ਅਧੀਨ ਮਿਤੀ 26-03-2018 ਨੂੰ ਤਬਦੀਲ ਕਰ ਦਿੱਤੀ ਗਈ ਸੀ ਜਿਸ ਬਾਰੇ ਸ਼ਿਕਾਇਤਕਰਤਾ ਨੂੰ ਵੀ ਸੂਚਿਤ ਕਰ ਦਿੱਤਾ ਗਿਆ ਸੀ। ਹਾਜ਼ਰ ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਨਿਰਧਾਰਿਤ ਸਮੇਂ ਅੰਦਰ ਜਵਾਬ ਦਿੱਤਾ ਗਿਆ ਸੀ ਜਿਸ ਕਰਕੇ ਇਹ ਸ਼ਿਕਾਇਤ ਕੇਸ ਨਹੀਂ ਬਣਦਾ। ਸ਼ਿਕਾਇਤਕਰਤਾ ਨੂੰ ਕਮਿਸ਼ਨ ਕੋਲ ਪਹੁੰਚ ਕਰਨ ਤੋਂ ਪਹਿਲਾਂ ਪਹਿਲੀ ਅਪੀਲੀ ਅਥਾਰਟੀ ਕੋਲ ਪਹੁੰਚ ਕਰਨੀ ਚਾਹੀਦੀ ਸੀ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਫਿਰ ਵੀ ਸ਼ਿਕਾਇਤਕਰਤਾ ਦੇ ਨੁਮਾਇੰਦੇ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਉਸ ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹੁੰਚ ਕਰਨ ਦੀ ਖੁੱਲ੍ਹ ਦਿੰਦੇ ਹੋਏ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 06 ਮਾਰਚ, 2019.**

**ਕਾਪੀ:-**

ਲੋਕ ਸੂਚਨਾ ਅਧਿਕਾਰੀ,
ਦਫਤਰ ਰਜਿਸਟਰਾਰ, ਕੋਆਪ੍ਰੇਟਿਵ ਸੋਸਾਇਟੀਜ, ਪੰਜਾਬ
17 ਬੇਜ਼ ਬਿਲਡਿੰਗ ਸੈਕਟ-17,
ਚੰਡੀਗੜ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸਿਮਰਨਜੀਤ ਸਿੰਘ, (98760-76662)
ਪੁੱਤਰ ਸ਼੍ਰੀ ਜਗਦੀਸ਼ ਸਿੰਘ,
ਮਕਾਨ ਨੰ:93/2, ਆਦਰਸ਼ ਨਗਰ,
ਜੰਲਧਰ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਧਾਨ,
ਖਾਲਸਾ ਕਾਲਿਜ ਚੈਰੀਟੇਬਲ ਸੋਸਾਇਟੀ,
ਖਾਲਸਾ ਕਾਲਿਜ, ਅੰਮ੍ਰਿਤਸਰ। -----ਉੱਤਰਦਾਤਾ

**ਸ਼ਿਕਾਇਤ ਕੇਸ ਨੰ:94/2019**

**ਹਾਜ਼ਰ:-** 1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਸ਼੍ਰੀ ਪਰਮਜੀਤ ਸਿੰਘ, ਓ.ਐਸ.ਡੀ. (98883-78484)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 08-11-2018, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਧਾਨ, ਖਾਲਸਾ ਕਾਲਿਜ ਚੈਰੀਟੇਬਲ ਸੋਸਾਇਟੀ, ਖਾਲਸਾ ਕਾਲਿਜ, ਅੰਮ੍ਰਿਤਸਰ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਖਾਲਸਾ ਕਾਲਿਜ ਚੈਰੀਟੇਬਲ ਸੋਸਾਇਟੀ, ਖਾਲਸਾ ਕਾਲਿਜ, ਅੰਮ੍ਰਿਤਸਰ ਅਤੇ ਇਸ ਦੇ ਅਧੀਨ ਦੇ ਚੱਲ ਰਹੀਆਂ ਸੰਸਥਾਵਾਂ ਵੱਲੋਂ ਆਰ.ਟੀ.ਆਈ. ਅਰਜ਼ੀਆਂ ਦੇ ਨਿਪਟਾਰੇ ਸਬੰਧੀ ਆਰ.ਟੀ.ਆਈ. ਐਕਟ ਦੀ ਪਾਲਣਾ ਨਾਲ ਸਬੰਧਤ 11 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-01-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਗਈ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 13-02-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 06-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਪਰਮਜੀਤ ਸਿੰਘ, ਓ.ਐਸ.ਡੀ. ਨੇ ਦੱਸਿਆ ਹੈ ਕਿ ਉਨ੍ਹਾਂ ਵੱਲੋਂ ਸ਼ਿਕਾਇਤਕਰਤਾ ਦੀ ਆਰ.ਟੀ.ਆਈ., ਮਿਤੀ 08-11-2018 ਜਿਹੜੀ ਕਿ ਉਨ੍ਹਾਂ ਨੂੰ ਮਿਤੀ 10-11-2018 ਨੂੰ ਪ੍ਰਾਪਤ ਹੋਈ ਸੀ, ਦਾ ਜਵਾਬ ਉਨ੍ਹਾਂ ਦੇ ਪੱਤਰ ਨੰ:16588, ਮਿਤੀ 07-12-2018 ਰਾਹੀਂ ਉਸ ਨੂੰ ਪਹਿਲਾਂ ਹੀ ਦਿੰਦੇ ਹੋਏ ਸੂਚਿਤ ਕੀਤਾ ਜਾ ਚੁੱਕਾ ਹੈ ਕਿ ਉਨ੍ਹਾਂ ਦੀ ਸੰਸਥਾ ਇੱਕ ਚੈਰੀਟੇਬਲ ਸੁਸਾਇਟੀ ਹੈ ਅਤੇ ਆਰ.ਟੀ.ਆਈ. ਐਕਟ, 2005 ਦੀ ਧਾਰਾ 2(ਐਚ) ਤਹਿਤ "ਲੋਕ ਅਥਾਰਟੀ" ਨਹੀਂ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:1896, ਮਿਤੀ 27-02-2019 ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਹੈ। ਇਸ ਤੋ ਇਲਾਵਾ ਉਨ੍ਹਾਂ ਵੱਲੋ ਆਪਣੇ ਜਵਾਬ ਨਾਲ ਰਾਜ ਸੂਚਨਾ ਕਮਿਸ਼ਨ ਪੰਜਾਬ ਵੱਲੋਂ ਸ਼ਿਕਾਇਤ ਕੇਸ ਨੰ:1739 ਆਫ਼ 2010 ਵਿੱਚ ਪਾਸ ਕੀਤੇ ਗਏ ਹੁਕਮ, ਮਿਤੀ 11-06-2010 ਦੀ ਕਾਪੀ ਵੀ ਭੇਜੀ ਹੋਈ ਹੈ ਜਿਸ ਅਨੁਸਾਰ ਖਾਲਸਾ ਕਾਲਿਜ ਅੰਮ੍ਰਿਤਸਰ ਨੂੰ "ਲੋਕ ਅਥਾਰਟੀ" ਨਾ ਮੰਨਦੇ ਹੋਏ ਉਹ ਕੇਸ ਰੱਦ ਕੀਤਾ

ਚਲਦਾ---ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਸ਼ਿਕਾਇਤ ਕੇਸ ਨੰ: 94/2019

ਹੋਇਆ ਹੈ। ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਨਿਰਧਾਰਿਤ ਸਮੇਂ ਅੰਦਰ ਜਵਾਬ ਦਿੱਤਾ ਜਾ ਚੁੱਕਾ ਹੈ ਜਿਸ ਕਰਕੇ ਇਹ ਸ਼ਿਕਾਇਤ ਕੇਸ ਨਹੀਂ ਬਣਦਾ। ਸ਼ਿਕਾਇਤਕਰਤਾ ਨੂੰ ਪਹਿਲਾਂ ਪਹਿਲੀ ਅਪੀਲੀ ਅਥਾਰਟੀ ਕੋਲ ਪਹੁੰਚ ਕਰਨੀ ਚਾਹੀਦੀ ਸੀ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 06 ਮਾਰਚ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ ਅਨੂ (ਐਡਵੋਕੇਟ), (82880-26202)
ਪਲਾਟ ਨੰ: 14 ਏਰੇਨ ਬਿਲਡਿੰਗ ਰਾਜੀਵ ਗਾਂਧੀ ਚੰਡੀਗੜ੍ਹ,
ਟੈਕਨੋਲੋਜੀ ਪਾਰਕ,
ਚੰਡੀਗੜ-160101. ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਚੇਰੀ ਸਿੱਖਿਆ ਵਿਭਾਗ, ਪੰਜਾਬ,
7ਵੀ ਮੰਜਿਲ, ਪੰਜਾਬ ਸਕੂਲ ਸਿੱਖਿਆ ਬੋਰਡ ਬਿਲਡਿੰਗ,
ਫੇਸ-8, ਮੁਹਾਲੀ 160062.

ਪਹਿਲੀ ਅਪੀਲੀ ਅਥਾਰਟੀ,
ਦਫਤਰ ਉਚੇਰੀ ਸਿੱਖਿਆ ਵਿਭਾਗ, ਪੰਜਾਬ,
7ਵੀਂ ਮੰਜ਼ਿਲ, ਪੰਜਾਬ ਸਕੂਲ ਸਿੱਖਿਆ ਬੋਰਡ ਬਿਲਡਿੰਗ,
ਫੇਸ-8, ਮੁਹਾਲੀ 160062. ------ਉੱਤਰਦਾਤਾ

**ਅਪੀਲ ਕੇਸ ਨੰ:310/2019**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਪ੍ਰੀਤ ਸਿੰਘ, ਸੀਨੀਅਰ ਸਹਾਇਕ (98144-33463) ਅਤੇ ਸ਼੍ਰੀਮਤੀ ਪਵਨਜੀਤ ਕੌਰ, ਸੀਨੀਅਰ ਸਹਾਇਕ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 08-08-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਉਚੇਰੀ ਸਿੱਖਿਆ ਵਿਭਾਗ, ਪੰਜਾਬ, ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਨੇ ਪਿਛਲੇ 5 ਸਾਲਾਂ ਦੌਰਾਨ ਯੂਨੀਵਰਸਿਟੀਆਂ ਸਮੇਤ ਡੀਮਡ ਯੂਨੀਵਰਸਿਟੀਆਂ ਅਤੇ ਵੱਖ-ਵੱਖ ਕਾਲਿਜਾਂ ਨਾਲ ਸਬੰਧਤ 07 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 26-09-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 14-01-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 04-02-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 06-03-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਹਰਪ੍ਰੀਤ ਸਿੰਘ, ਸੀਨੀਅਰ ਸਹਾਇਕ ਨੇ ਪੱਤਰ ਨੰ:171, ਮਿਤੀ 06-03-2019 ਰਾਹੀਂ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਨਾ ਕਰਵਾਉਣ ਬਾਰੇ ਸਪੱਸ਼ਟੀਕਰਣ ਪੇਸ਼ ਕੀਤਾ ਗਿਆ ਹੈ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਈ ਪਰੰਤੂ ਉਸ ਵੱਲੋਂ ਆਪਣੇ ਪੱਤਰ ਨੰ:1010/19, ਮਿਤੀ 08-02-2019 ਰਾਹੀਂ ਇਹ ਕੇਸ ਵਾਪਸ ਲੈਂਦੇ ਹੋਏ ਡਿਸਮਿਸ ਕਰਨ ਲਈ ਬੇਨਤੀ ਕੀਤੀ ਗਈ ਹੈ। ਇਸ ਲਈ ਅਪੀਲਕਰਤਾ ਵੱਲੋ ਕੇਸ ਵਾਪਸ ਲੈਣ ਕਾਰਨ ਇਹ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ:** ਚੰਡੀਗੜ੍ਹ, 06 ਮਾਰਚ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗੁਰਦੀਪ ਸਿੰਘ ਢੀਂਗੀ ਪੁੱਤਰ
ਸ਼੍ਰੀ ਹਰਨਾਮ ਸਿੰਘ,
ਵਾਸੀ ਬਲਾਕ ਨੰ: 1 ਮਕਾਨ ਨੰ 390,
ਧਰਮਪੁਰਾ ਮੁੁਹੱਲਾ,ਧੂਰੀ,
ਜ਼ਿਲ੍ਹਾ ਸੰਗਰੂਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ,ਧੂਰੀ,
ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਕਮਿਸ਼ਨਰ,
ਸੰਗਰੂਰ। ------ਉੱਤਰਦਾਤਾ

**ਅਪੀਲ ਕੇਸ ਨੰ:323/2019**

**ਹਾਜ਼ਰ:-** 1) ਸ਼੍ਰੀ ਗੁਰਦੀਪ ਸਿੰਘ ਢੀਂਗੀ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗੁਰਮੇਲ ਸਿੰਘ, ਕਲਰਕ (98761-44893)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 10-11-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਉਪ ਮੰਡਲ ਮੈਜਿਸਟਰੇਟ,ਧੂਰੀ, ਜ਼ਿਲ੍ਹਾ ਸੰਗਰੂਰ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਭਵਗਾਨਪੁਰਾ ਸੂਗਰ ਮਿੱਲ ਧੂਰੀ ਵੱਲੋਂ ਪੁੱਟੇ ਵੱਡੇ ਤੇ ਡੂੰਘੇ ਟੋਏ/ਤਲਾਅ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 03-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ **09-01-2019** ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 04-**02**-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 06-**03**-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਨੇ ਅੱਜ ਹਾਜ਼ਰ ਹੋ ਕੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗੁਰਮੇਲ ਸਿੰਘ, ਕਲਰਕ, ਅਪੀਲਕਰਤਾ ਦੇ ਪੇਸ਼ੀ ਭੁਗਤ ਕੇ ਜਾਣ ਤੋਂ ਬਾਅਦ ਅਦਾਲਤ ਵਿਖੇ ਪੇਸ਼ ਹੋਇਆ ਅਤੇ ਉਸ ਵੱਲੋਂ ਪੱਤਰ ਨੰ:133, ਮਿਤੀ 26-02-2019 ਪੇਸ਼ ਕਰਦੇ ਹੋਏ ਦੱਸਿਆ ਗਿਆ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਉਨ੍ਹਾਂ ਦੇ ਪੱਤਰ ਨੰ: 97/ਆਰ.ਟੀ.ਆਈ., ਮਿਤੀ 07-12-2018, ਪੱਤਰ ਨੰ: 115/ਆਰ.ਟੀ.ਆਈ., ਮਿਤੀ 18-01-2019, ਪੱਤਰ ਨੰ: 119/ਆਰ.ਟੀ.ਆਈ., ਮਿਤੀ 31-01-2019 ਰਾਹੀਂ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਨੂੰ ਦੁਬਾਰਾ ਰਜਿਸਟਰਡ ਡਾਕ ਰਾਹੀਂ ਸੂਚਨਾ ਭੇਜ ਕੇ ਪੋਸਟਲ ਰਸੀਦ ਕਮਿਸ਼ਨ ਨੂੰ ਪੇਸ਼ ਕੀਤੀ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 08-04-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 06 ਮਾਰਚ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਵਿਸ਼ਾਲ ਜ਼ੋਸ਼ੀ
ਨਿਵਾਸੀ 1697/12, ਗਲੀ ਛੱਜੂ ਮਿਸ਼ਰ ,
ਚੌਕ ਫਰੀਦ, ਅੰਮ੍ਰਿਤਸਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਰਜਿਸਟਰਾਰ, ਫਰਮਜ਼ ਤੇ ਸੋਸਾਇਟੀਜ, ਪੰਜਾਬ,
17 ਬੇਜ਼ ਬਿਲਡਿੰਗ, ਕਮਰਾ ਨੰ:12, ਤੀਜੀ ਮੰਜ਼ਿਲ,
ਸੈਕਟਰ 17 ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਰਜਿਸਟਰਾਰ, ਫਰਮਜ਼ ਤੇ ਸੋਸਾਇਟੀਜ, ਪੰਜਾਬ,
17 ਬੇਜ਼ ਬਿਲਡਿੰਗ, ਕਮਰਾ ਨੰ:12, ਤੀਜੀ ਮੰਜ਼ਿਲ,
ਸੈਕਟਰ 17 ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ:332/2019**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋ ਵੀ ਕੋਈ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 29-09-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਰਜਿਸਟਰਾਰ, ਫਰਮਜ਼ ਤੇ ਸੋਸਾਇਟੀਜ, ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਰਜਿਸਟਰੇਸ਼ਨ ਨੰ:171 ਆਫ 2006-07 (7ਮਾਰਚ, 2007) ਸ਼ੇਸ਼ ਨਾਗ ਵੂਮੈਨ ਸੋਸਾਇਟੀ 2226/2, ਗਲੀ ਅਰਾਇਆਂ, ਮਹਾਨ ਸਿੰਘ ਗੇਟ, ਅੰਮ੍ਰਿਤਸਰ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 19-11-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 10-01-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 04-02-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 06-03-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਈ.ਮੇਲ, ਮਿਤੀ 05-03-2019 ਰਾਹੀਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗੀ ਕੀਤੀ ਗਈ ਹੈ। ਇਸ ਤੋਂ ਇਲਾਵਾ ਉਸ ਵੱਲੋਂ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਿਰੁੱਧ ਕਾਰਵਾਈ ਕਰਨ ਲਈ ਵੀ ਬੇਨਤੀ ਕੀਤੀ ਗਈ ਹੈ। ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਸੂਚਨਾ ਪੇਸ਼ੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਭੇਜ ਕੇ ਪੇਸ਼ੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ।ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉੱਤਰਦਾਤਾ ਖਿਲਾਫ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 08-04-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

(ਨਿਪੱਤਰਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 06 ਮਾਰਚ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਦਵਿੰਦਰ ਸਿੰਘ (ਮੋਬ 9915677876)
ਪੁੱਤਰ ਸ਼੍ਰੀ ਪਰਮਪਾਲ ਸਿੰਘ
ਵਾਸੀ ਪਿੰਡ ਗਾਮੀਵਾਲਾ ,
ਡਾਕ ਬੋਹਾ, ਤਹਿਸੀਲ ਬੁਢਲਾਡਾ,
ਜ਼ਿਲ੍ਹਾ ਮਾਨਸਾ-151503. -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ,
ਮਾਨਸਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਕਮਿਸ਼ਨਰ,
ਮਾਨਸਾ। ------ਉੱਤਰਦਾਤਾ

**ਅਪੀਲ ਕੇਸ ਨੰ:281/2019**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋ ਵੀ ਕੋਈ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 31-07-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਡਿਪਟੀ ਕਮਿਸ਼ਨਰ, ਮਾਨਸਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਮੁੱਖੀ ਗਰਾਮ ਪੰਚਾਇਤ, ਪਿੰਡੀ ਗਾਮੀਵਾਲਾ ਬਾਰੇ ਸਾਲ ਜਨਵਰੀ 2010 ਤੋਂ ਲੈ ਕੇ ਜੁਲਾਈ 2013 ਤੱਕ ਦੇ ਸਮੇਂ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 04-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 07-01-**2019** ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 04-**02**-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 06-**03**-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਈ.ਮੇਲ, ਮਿਤੀ 05-03-2019 ਰਾਹੀਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗੀ ਕੀਤੀ ਗਈ ਹੈ। ਇਸ ਤੋਂ ਇਲਾਵਾ ਉਸ ਵੱਲੋਂ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਿਰੁੱਧ ਕਾਰਵਾਈ ਕਰਨ ਲਈ ਵੀ ਬੇਨਤੀ ਕੀਤੀ ਗਈ ਹੈ। ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਸੂਚਨਾ ਪੇਸ਼ੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਭੇਜ ਕੇ ਪੇਸ਼ੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 08-04-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 06 ਮਾਰਚ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸੰਤੋਸ਼ ਕੁਮਾਰ,
ਪੁੱਤਰ ਸ਼੍ਰੀ ਮਦਨ ਲਾਲ,
ਵਾਸੀ ਵਾਰਡ ਨੰ:2, ਏ/421,
ਓਲਡ ਨਿਊ ਵਾਰਡ ਨੰ:19,
ਜਨਤਾ ਨਗਰ,ਹਾਕਮ ਸੀਟਾਂ ਵਾਲੀ ਗਲੀ,
ਧੂਰੀ, ਜ਼ਿਲ੍ਹਾ ਸੰਗਰੂਰ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਧੂਰੀ, ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਸੰਗਰੂਰ। ....... ਉੱਤਰਦਾਤਾ

**ਅਪੀਲ ਕੇਸ ਨੰ:4115 ਆਫ਼ 2018**

**ਹਾਜ਼ਰ:-**

1) ਸ਼੍ਰੀ ਸੰਤੋਸ਼ ਕੁਮਾਰ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹਕਮ:**

ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

2. ਪਿਛਲੀ ਪੇਸ਼ੀ, ਮਿਤੀ 30-01-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਹਾਜ਼ਰ ਸ਼੍ਰੀ ਚੰਦਨ ਸਿੰਘ, ਲੇਖਾਕਾਰ ਨੇ ਪੱਤਰ ਨੰ:409, ਮਿਤੀ 29-01-2019 ਪੇਸ਼ ਕਰਦੇ ਕਿਹਾ ਸੀ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਭੇਜੀ ਜਾ ਚੁੱਕੀ ਹੈ। ਪਰੰਤੂ ਅਪੀਲਕਰਤਾ ਨੇ ਅੱਜ ਹਾਜ਼ਰ ਹੋ ਕੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਅਪੀਲਕਰਤਾ ਨੇ ਇਹ ਵੀ ਕਿਹਾ ਹੈ ਕਿ ਉਹ ਉੱਤਰਦਾਤਾ ਦੇ ਦਫ਼ਤਰ ਜਾ ਕੇ ਸੂਚਨਾ ਪ੍ਰਾਪਤ ਕਰਨ ਲਈ ਵੀ ਸਹਿਮਤ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਨੂੰ ਫੋਨ ਕਰਕੇ ਦਫ਼ਤਰ ਬੁਲਾਅ ਕੇ ਸੂਚਨਾ ਮੁਹੱਈਆ ਕਰਵਾਉਣ ਉਪਰੰਤ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 08-04-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 06 ਮਾਰਚ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸੰਤੋਸ਼ ਕੁਮਾਰ,
ਪੁੱਤਰ ਸ਼੍ਰੀ ਮਦਨ ਲਾਲ,
ਵਾਸੀ ਵਾਰਡ ਨੰ:2, ਏ/421,
ਓਲਡ ਨਿਊ ਵਾਰਡ ਨੰ:19,
ਜਨਤਾ ਨਗਰ,ਹਾਕਮ ਸੀਟਾਂ ਵਾਲੀ ਗਲੀ,
ਧੂਰੀ, ਜ਼ਿਲ੍ਹਾ ਸੰਗਰੂਰ। ...........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਧੂਰੀ, ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਸੰਗਰੂਰ। ....... ਉੱਤਰਦਾਤਾ

**ਅਪੀਲ ਕੇਸ ਨੰ:4116 ਆਫ਼ 2018**

**ਹਕਮ:**

1) ਸ਼੍ਰੀ ਸੰਤੋਸ਼ ਕੁਮਾਰ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

2. ਪਿਛਲੀ ਪੇਸ਼ੀ, ਮਿਤੀ 30-01-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਹਾਜ਼ਰ ਸ਼੍ਰੀ ਚੰਦਨ ਸਿੰਘ, ਲੇਖਾਕਾਰ ਨੇ ਪੱਤਰ ਨੰ:412, ਮਿਤੀ 29-01-2019 ਪੇਸ਼ ਕਰਦੇ ਕਿਹਾ ਸੀ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਭੇਜੀ ਜਾ ਚੁੱਕੀ ਹੈ। ਪਰੰਤੂ ਅਪੀਲਕਰਤਾ ਨੇ ਅੱਜ ਹਾਜ਼ਰ ਹੋ ਕੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਅਪੀਲਕਰਤਾ ਨੇ ਇਹ ਵੀ ਕਿਹਾ ਹੈ ਕਿ ਉਹ ਉੱਤਰਦਾਤਾ ਦੇ ਦਫ਼ਤਰ ਜਾ ਕੇ ਸੂਚਨਾ ਪ੍ਰਾਪਤ ਕਰਨ ਲਈ ਵੀ ਸਹਿਮਤ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਨੂੰ ਫੋਨ ਕਰਕੇ ਦਫ਼ਤਰ ਬੁਲਾਅ ਕੇ ਸੂਚਨਾ ਮੁਹੱਈਆ ਕਰਵਾਉਣ ਉਪਰੰਤ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 08-04-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 06 ਮਾਰਚ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**


ਸ਼੍ਰੀ ਸੰਤੋਸ਼ ਕੁਮਾਰ,
ਪੁੱਤਰ ਸ਼੍ਰੀ ਮਦਨ ਲਾਲ,
ਵਾਸੀ ਵਾਰਡ ਨੰ:2, ਏ/421,
ਓਲਡ ਨਿਊ ਵਾਰਡ ਨੰ:19,
ਜਨਤਾ ਨਗਰ,ਹਾਕਮ ਸੀਟਾਂ ਵਾਲੀ ਗਲੀ,
ਧੂਰੀ, ਜ਼ਿਲ੍ਹਾ ਸੰਗਰੂਰ। ...........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਧੂਰੀ, ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਸੰਗਰੂਰ। ....... ਉੱਤਰਦਾਤਾ

**ਅਪੀਲ ਕੇਸ ਨੰ:4117 ਆਫ਼ 2018**

**ਹਕਮ:**

1) ਸ਼੍ਰੀ ਸੰਤੋਸ਼ ਕੁਮਾਰ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

2. ਪਿਛਲੀ ਪੇਸ਼ੀ, ਮਿਤੀ 30-01-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਹਾਜ਼ਰ ਸ਼੍ਰੀ ਚੰਦਨ ਸਿੰਘ, ਲੇਖਾਕਾਰ ਨੇ ਪੱਤਰ ਨੰ:406, ਮਿਤੀ 29-01-2019 ਪੇਸ਼ ਕਰਦੇ ਕਿਹਾ ਸੀ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਭੇਜੀ ਜਾ ਚੁੱਕੀ ਹੈ। ਪਰੰਤੂ ਅਪੀਲਕਰਤਾ ਨੇ ਅੱਜ ਹਾਜ਼ਰ ਹੋ ਕੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਅਪੀਲਕਰਤਾ ਨੇ ਇਹ ਵੀ ਕਿਹਾ ਹੈ ਕਿ ਉਹ ਉੱਤਰਦਾਤਾ ਦੇ ਦਫ਼ਤਰ ਜਾ ਕੇ ਸੂਚਨਾ ਪ੍ਰਾਪਤ ਕਰਨ ਲਈ ਵੀ ਸਹਿਮਤ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਨੂੰ ਫੋਨ ਕਰਕੇ ਦਫ਼ਤਰ ਬੁਲਾਅ ਕੇ ਸੂਚਨਾ ਮੁਹੱਈਆ ਕਰਵਾਉਣ ਉਪਰੰਤ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 08-04-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 06 ਮਾਰਚ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਵਿਪਨ ਗਰੋਵਰ (ਜਰਨਲਿਸਟ), (98770-86735)
ਪਿੰਡ ਫੱਤਿਹਗੜ੍ਹ ਪੰਜਤੂਰ,
ਮੋਗਾ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਧਰਮਕੋਟ ਐਟ ਕੋਟ ਈਸੇ ਖਾਂ,
ਮੋਗਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਮੋਗਾ। ....... ਉੱਤਰਦਾਤਾ

**ਅਪੀਲ ਕੇਸ ਨੰ:4064 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਜ਼ਸਕਰਨ ਸਿੰਘ, ਪੰਚਾਇਤ ਸਕੱਤਰ (94784-61056)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 02-08-2018, ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਧਰਮਕੋਟ ਐਟ ਕੋਟ ਈਸੇ ਖਾਂ, ਮੋਗਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਕੋਟ ਈਸੇ ਖਾਂ ਵਿਖੇ ਤੈਨਾਤ ਪੰਚਾਇਤ ਸਕੱਤਰ, ਸ਼੍ਰੀ ਦਲਜੀਤ ਸਿੰਘ ਬਾਰੇ 01-04-2016 ਤੋਂ ਲੈ ਕੇ 15-01-2018 ਤੱਕ ਦੇ ਸਮੇਂ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਗਈ ਸੀ।ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 17-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 29-11-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਮਿਤੀ 30-01-2019 ਨੂੰ ਸਵੇਰੇ 11:30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਪੇਸ਼ੀ, ਮਿਤੀ 30-01-2019 ਤੇ ਅਪੀਲਕਰਤਾ ਨੇ ਹਾਜ਼ਰ ਹੋ ਕੇ ਦੱਸਿਆ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਹਾਜ਼ਰ ਉੱਤਰਦਾਤਾ ਵੱਲੋਂ ਕਿਹਾ ਗਿਆ ਸੀ ਕਿ ਅਪੀਲਕਰਤਾ ਵੱਲੋਂ ਆਰ.ਟੀ.ਆਈ. ਰਾਹੀਂ ਸਪੈਸਫਿਕ ਤੌਰ ਤੇ ਸੂਚਨਾ ਨਹੀਂ ਮੰਗੀ ਗਈ ਜਿਸ ਕਰਕੇ ਮੰਗੀ ਗਈ ਸੂਚਨਾ ਦਿੱਤੀ ਨਹੀਂ ਜਾ ਸਕਦੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਨੂੰ ਸ਼੍ਰੀ ਦਲਜੀਤ ਸਿੰਘ ਦੀ ਇਸ ਬਲਾਕ ਵਿੱਚ ਕਿੱਥੇ-ਕਿੱਥੇ, ਕਿੰਨਾ-ਕਿੰਨਾ ਚਿਰ ਨਿਯੁਕਤੀ ਰਹੀ ਹੈ, ਉਸ ਬਾਰੇ ਦੱਸ ਦਿੱਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 26-02-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਪੇਸ਼ੀ, ਮਿਤੀ 26-02-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਈ.ਮੇਲ ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਜ਼ਸਕਰਨ ਸਿੰਘ, ਆਰ.ਟੀ.ਆਈ. ਇੰਨਚਾਰਜ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:4064 ਆਫ਼ 2018**

ਅਪੀਲਕਰਤਾ ਨੂੰ ਦਿੱਤੀ ਜਾਣ ਵਾਲੀ ਸੂਚਨਾ ਲੈ ਕੇ ਆਇਆ ਸੀ ਪਰੰਤੂ ਉਸ ਵੱਲੋਂ ਪੇਸ਼ ਕੀਤੀ ਗਈ ਸੂਚਨਾ ਨੂੰ ਵਾਚਣ ਤੇ ਇਹ ਪਾਇਆ ਗਿਆ ਸੀ ਕਿ ਇਹ ਸੂਚਨਾ ਕਮਿਸ਼ਨ ਤੇ ਹੁਕਮ, ਮਿਤੀ 30-01-2019 ਦੀ ਭਾਵਨਾ ਅਨੁਸਾਰ ਨਹੀਂ ਸੀ ਅਤੇ ਨਾ ਹੀ ਇਸ ਤੋ ਕੋਈ ਕਵਰਿੰਗ ਪੱਤਰ ਹੀ ਲਗਾਇਆ ਗਿਆ ਸੀ ਜਿਸ ਤੋਂ ਇਹ ਪਤਾ ਚੱਲ ਸਕੇ ਕਿ ਇਹ ਸੂਚਨਾ ਕਿਸ ਨੂੰ ਭੇਜੀ ਜਾਣੀ ਹੈ। ਹਾਜ਼ਰ ਉੱਤਰਦਾਤਾ ਨੂੰ ਇਸ ਬਾਰੇ ਸਮਝਾ ਦਿੱਤਾ ਗਿਆ ਸੀ।ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਕਮਿਸ਼ਨ ਤੇ ਹੁਕਮ, ਮਿਤੀ 30-01-2019 ਅਨੁਸਾਰ ਬਾਕਾਇਦਾ ਕਵਰਿੰਗ ਪੱਤਰ ਲਗਾ ਕੇ ਸੂਚਨਾ ਪੇਸ਼ ਕੀਤੀ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 06-03-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।

4. ਅਪੀਲਕਰਤਾ ਅੱਜ ਫਿਰ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਜ਼ਸਕਰਨ ਸਿੰਘ, ਪੰਚਾਇਤ ਸਕੱਤਰ ਨੇ ਪੱਤਰ ਨੰ:779, ਮਿ;ਤੀ 28-02-2019 ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਕਮਿਸ਼ਨ ਦੇ ਹੁਕਮ, ਮਿਤੀ 30-01-2019 ਅਨੁਸਾਰ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 06 ਮਾਰਚ, 2019.